ਵੱਲ

PRINCIPAL,
Mahindra Public School,
Chak Fateh Singh Wala,Bathinda.

ਨੰ: 2578 ਮਿਤੀ: 05/06/2026

ਵਿਸ਼ਾ: **ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ- Mahindra Public School, Chak Fateh Singh wala, Distt. Bathinda**

ਹਵਾਲਾ: ਆਪ ਦੇ ਦਫਤਰ ਦਾ ਪੱਤਰ ਨੰ. MPS/2026-27/36 ਮਿਤੀ. 12.05.2026

ਉਪਰੋਕਤ ਵਿਸ਼ੇ ਅੰਕਿਤ ਇਮਾਰਤ ਦਾ ਬਿਲਡਿੰਗ ਸੇਫਟੀ ਸਰਟੀਫਿਕੇਟ ਸਾਲ 2026-27 ਲੈਣ ਲਈ ਆਪ ਵੱਲੋਂ ਇਸ ਦਫਤਰ ਵਿਖੇ ਪ੍ਰਾਪਤ ਹੋਇਆ ਹੈ। ਆਪਦੇ ਸਕੂਲ ਦੀ ਬਿਲਡਿੰਗ ਦੀ ਉਪ ਮੰਡਲ ਇੰਜੀਨੀਅਰ ਦੇ ਦਫਤਰ ਵੱਲੋਂ ਵਿਜ਼ੂਅਲੀ ਇੰਸਪੈਕਸ਼ਨ ਕੀਤੀ ਗਈ ਅਤੇ ਉਨ੍ਹਾਂ ਦੀ ਰਿਪੋਰਟ/ਸਿਫਾਰਿਸ਼ ਅਨੁਸਾਰ ਨਿਮਨਲਿਖਤ ਨਿਰੀਖਣਾਂ ਅਤੇ ਸ਼ਰਤਾਂ ਅਧੀਨ ਸਾਲ 2026-27 ਦਾ ਬਿਲਡਿੰਗ ਸੇਫਟੀ ਸਰਟੀਫਿਕੇਟ ਮਿਤੀ: 31.03.2027 ਤੱਕ ਜਾਰੀ ਕੀਤਾ ਜਾਂਦਾ ਹੈ:-

1. ਸਕੂਲ ਕੋਲ ਕਿਸੇ ਅਣਸੁਖਾਵੀਂ ਘਟਨਾ ਨਾਲ ਨਜਿੱਠਣ ਲਈ ਯੋਜਨਾ ਹੋਣੀ ਚਾਹੀਦੀ ਹੈ, ਜਿਸ ਵਿੱਚ ਐਮਰਜੈਂਸੀ ਦੌਰਾਨ ਬੱਚਿਆਂ ਨੂੰ ਬਿਲਡਿੰਗ ਵਿੱਚੋਂ ਸੁਰੱਖਿਅਤ ਬਾਹਰ ਕੱਢਣਾ ਅਤੇ ਸਬੰਧਤ ਵਿਭਾਗ ਨਾਲ ਤਾਲਮੇਲ ਕਰਨ ਦੀ ਯੋਜਨਾ ਹੋਣੀ ਚਾਹੀਦੀ ਹੈ। ਸਕੂਲ ਨੂੰ ਇਸ ਯੋਜਨਾ ਦੀ ਪ੍ਰਭਾਵਸ਼ੀਲਤਾ ਨੂੰ ਯਕੀਨੀ ਬਣਾਉਣ ਲਈ ਨਿਯਮਿਤ ਤੌਰ ਤੇ ਸਮੀਖਿਆ ਅਤੇ ਅੱਪਡੇਟ ਕਰਦੇ ਰਹਿਣਾ ਚਾਹੀਦਾ ਹੈ।
2. ਜੇਕਰ ਸਕੂਲ ਵੱਲੋਂ ਇਸ ਇਮਾਰਤ ਵਿੱਚ ਕੋਈ ਵਾਧਾ, ਤਬਦੀਲੀ, ਵਿਸਤਾਰ ਅਤੇ ਸੋਧ ਦੀ ਲੋੜ ਹੈ ਜਾਂ ਕੀਤੇ ਜਾਣੇ ਹਨ ਤਾਂ ਇਸ ਦਫਤਰ ਦੀ ਤੁਰੰਤ ਜਾਂਚ ਦਾ ਪ੍ਰਬੰਧ ਕੀਤਾ ਜਾਣਾ ਚਾਹੀਦਾ ਹੈ ਅਤੇ ਉਸ ਹਿੱਸੇ ਨੂੰ ਮੁਕੰਮਲ ਕਰਕੇ ਉਸ ਦਾ ਸੇਫਟੀ ਸਰਟੀਫਿਕੇਟ ਇਸ ਦਫਤਰ ਪਾਸੋਂ ਫਿਰ ਤੋਂ ਲਿਆ ਜਾਵੇ।
3. ਜੇਕਰ ਬਿਲਡਿੰਗ ਦੀਆਂ ਕੰਧਾਂ, ਨੀਹਾਂ ਅਤੇ ਛੱਤਾਂ ਕੁਦਰਤੀ ਆਫਤ ਜਾਂ ਕਿਸੇ ਹੋਰ ਕਾਰਨ ਕਰਕੇ ਬੈਠ ਜਾਣ ਤਾਂ ਇਸ ਸੂਰਤ ਵਿੱਚ ਸਕੂਲ ਵੱਲੋਂ ਇਸ ਦਫਤਰ ਨੂੰ ਤੁਰੰਤ ਬਿਲਡਿੰਗ ਦੀ ਹਾਲਤ ਬਾਰੇ ਸੂਚਿਤ ਕੀਤਾ ਜਾਵੇ ਅਤੇ ਨਿਰੀਖਣ ਕਰਵਾਉਣ ਉਪਰੰਤ ਹੀ ਬਿਲਡਿੰਗ ਨੂੰ ਵਰਤੋਂ ਵਿੱਚ ਲਿਆ ਜਾਵੇ।
4. ਸਬੰਧਤ ਵਿਭਾਗ ਤੋਂ ਵੱਖਰੇ ਤੌਰ ਤੇ ਫਾਇਰ ਸੇਫਟੀ ਸਰਟੀਫਿਕੇਟ, ਇਲੈਕਟ੍ਰੀਕਲ ਸੇਫਟੀ ਸਰਟੀਫਿਕੇਟ ਪ੍ਰਾਪਤ ਕੀਤਾ ਜਾਵੇ।
5. ਬਿਲਡਿੰਗ ਦੀ ਸੇਫਟੀ ਨੂੰ ਮੁੱਖ ਰੱਖਦੇ ਹੋਏ ਬਿਲਡਿੰਗ ਦੀ ਰਿਪੇਅਰ ਕਰਵਾਉਣ ਦੀ ਜ਼ਿੰਮੇਵਾਰੀ ਸਕੂਲ ਪ੍ਰਬੰਧਨ ਦੀ ਹੈ। ਇਸ ਰਿਪੋਰਟ ਦੇ ਬਾਵਜੂਦ ਸਕੂਲ ਪ੍ਰਬੰਧਨ ਸਾਰੇ ਪੱਖਾਂ ਤੋਂ ਬਿਲਡਿੰਗ ਦੀ ਸੁਰੱਖਿਆ ਲਈ ਜ਼ਿੰਮੇਵਾਰ ਹੈ।
6. Heritage Builder's & Planner Architects, Bathinda ਵੱਲੋਂ ਆਪਣੇ ਪੱਤਰ ਨੰHB/32/2026-27 ਮਿਤੀ 28.04.2026 ਰਾਹੀਂ ਸਟਰੱਕਚਰ ਸੁਰੱਖਿਆ ਸਰਟੀਫਿਕੇਟ ਦਿੱਤਾ ਗਿਆ ਹੈ ਅਤੇ ਉਨ੍ਹਾਂ ਦੇ ਸਰਟੀਫਿਕੇਟ ਅਨੁਸਾਰ ਸਕੂਲ ਸੈਸ਼ਨ 2026-27 ਲਈ ਵਰਤੋਂ ਲਈ ਸੁਰੱਖਿਅਤ ਹੈ, ਪ੍ਰੰਤੂ ਇਸ ਬਿਲਡਿੰਗ ਦਾ ਨਿਰਮਾਣ ਇਸ ਵਿਭਾਗ ਵੱਲੋਂ ਨਹੀਂ ਕੀਤਾ ਗਿਆ ਹੈ, ਇਸ ਲਈ ਇਸ ਵਿਭਾਗ ਦੁਆਰਾ ਬਿਲਡਿੰਗ ਦੀ ਸਟਰੱਕਚਰ ਦੀ ਸੇਫਟੀ ਖਾਸ ਕਰਕੇ ਭੂਚਾਲ ਦੇ ਦ੍ਰਿਸ਼ਟੀਕੋਣ ਤੋਂ ਯਕੀਨੀ ਨਹੀਂ ਬਣਾਈ ਜਾ ਸਕਦੀ ਹੈ।
7. ਸਕੂਲ ਸਟਾਫ ਮੈਂਬਰਾਂ ਨੂੰ ਉਚਿਤ ਸੁਰੱਖਿਆ ਸਿਖਲਾਈ ਪ੍ਰਦਾਨ ਕਰਨੀ ਚਾਹੀਦੀ ਹੈ, ਜਿਸ ਵਿੱਚ ਐਮਰਜੈਂਸੀ, ਫਸਟ ਏਡ ਅਤੇ ਨਿਕਾਸੀ ਪ੍ਰੋਟੋਕੋਲ ਨੂੰ ਸੰਭਾਲਣ ਦੀਆਂ ਪ੍ਰਕਿਰਿਆਵਾਂ ਵੀ ਸ਼ਾਮਲ ਹਨ।
8. ਬਿਲਡਿੰਗ ਦੇ ਕਵਰਡ ਏਰੀਏ ਦੇ ਹਿਸਾਬ ਨਾਲ ਜੀ.ਆਰ.ਨੰ.358408 ਮਿਤੀ.20.05.2026 ਰਾਹੀਂ ਦਸ ਹਜ਼ਾਰ ਰੁਪਏ (10,000/-) ਬਿਲਡਿੰਗ ਨਿਰੀਖਣ ਫੀਸ ਵਜੋਂ ਜਮ੍ਹਾਂ ਕਰਵਾ ਦਿੱਤੇ ਗਏ ਹਨ।
9. ਇਹ ਰਿਪੋਰਟ ਕਾਨੂੰਨੀ ਉਦੇਸ਼ ਲਈ ਵੈਲਿਡ ਨਹੀਂ ਹੈ।
10. **ਸਕੂਲ ਦਾ ਫਾਇਰ ਸੇਫਟੀ ਸਰਟੀਫਿਕੇਟ 14.05.2029 ਤੱਕ ਵੈਲਿਡ ਹੈ। ਜਿਸ ਦੇ ਆਧਾਰ ਤੇ ਬਿਲਡਿੰਗ ਸੇਫਟੀ ਸਰਟੀਫਿਕੇਟ ਮਿਤੀ: 31.03.2027 ਤੱਕ ਜਾਰੀ ਕੀਤਾ ਜਾਂਦਾ ਹੈ।**

ਨੱਥੀ/ਨਕਸ਼ਾ

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਭਤੇਮ ਸ਼ਾਖਾ,
ਬਠਿੰਡਾ।

ਪਿੱਠ ਅੰਕਣ ਨੰ: ਮਿਤੀ:

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ ਨੰ.2 ਭਤੇਮ ਸ਼ਾਖਾ ਬਠਿੰਡਾ ਨੂੰ ਉਨ੍ਹਾਂ ਦੇ ਪੱਤਰ ਨੰ: 138 ਮਿਤੀ: 22.05.2026 ਦੇ ਸਬੰਧ ਵਿੱਚ ਭੇਜ ਕੇ ਲਿਖਿਆ ਜਾਂਦਾ ਹੈ ਕਿ ਆਪ ਦੀ ਸਿਫਾਰਿਸ਼ ਨੂੰ ਮੁੱਖ ਰੱਖਦੇ ਹੋਏ ਉਕਤ ਸਕੂਲ ਨੂੰ ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕੀਤਾ ਜਾਂਦਾ ਹੈ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਭਤੇਮ ਸ਼ਾਖਾ,
ਬਠਿੰਡਾ।